# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਨਗਰ ਨਿਗਮ ਦੀ ਤਹਿਬਜਾਰੀ ਟੀਮ ਵੱਲੋਂ ਨਜਾਇਜ ਕਬਜੇ ਹਟਾਉਣ ਦੀ ਮੁਹਿੰਮ ਤਹਿਤ 5 ਚਲਾਨ ਕੱਟੇ ਗਏ.....ਕਾਰਜ ਸਾਧਕ ਅਫਸਰ

## ਦੁਕਾਨਦਾਰ ਆਪਣਾ ਸਮਾਨ ਦੁਕਾਨਾਂ ਦੇ ਅੰਦਰ ਹੀ ਰੱਖਣ

ਹੁਸ਼ਿਆਰਪੁਰ 22 ਮਾਰਚ– ਨਗਰ ਨਿਗਮ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇੰਸਪੈਕਟਰ ਸੰਜੀਵ ਅਰੋੜਾ ਦੀ ਅਗਵਾਈ ਵਿਚ ਤਹਿਬਜਾਰੀ ਜਿਸ ਵਿੱਚ ਅਮਿਤ ਕੁਮਾਰ, ਸੰਨੀ, ਮੁਕੇਸ਼, ਸੁਮਿਤ ਕੁਮਾਰ ਅਤੇ ਗਨੇਸ਼ ਸ਼ਾਮਲ ਹਨ। ਅੱਜ ਸ਼ਹਿਰ ਦੇ ਵੱਖ ਵੱਖ ਬਜਾਰਾਂ ਵਿਚ ਦੁਕਾਨਦਾਰਾਂ ਵਲੋਂ ਸੜਕਾਂ ਤੇ ਕੀਤੇ ਗਏ ਨਜਾਇਜ ਕਬਜਿਆਂ ਨੂੰ ਹਟਾਉਣ ਲਈ ਵਿਸ਼ੇਸ਼ ਮੁਹਿੰਮ ਦੌਰਾਨ ਬੱਸ ਸਟੈਂਡ ਰੋਡ ਤੇ ਇੱਟਾਂ ਵੇਚਣ ਵਾਲਿਆਂ ਨੂੰ ਨਗਰ ਨਿਗਮ ਦੀ ਜਗ੍ਹਾਂ ਤੇ ਕੀਤੇ ਨਜਾਇਜ਼ ਕਬਜੇ ਹਟਾਉਣ ਦੀ ਹਦਾਇਤ ਕੀਤੀ ਅਤੇ ਮੌਕੇ ਤੇ ਹੀ ਇੱਟਾਂ ਵੇਚਣ ਵਾਲਿਆਂ ਦੇ 5 ਚਲਾਨ ਕੱਟੇ।

ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹਿਰ ਵਿਚ ਹੋ ਰਹੀ ਟਰੈਫਿਕ ਦੀ ਸਮੱਸਿਆ ਨੂੰ ਘਟਾਉਣ ਲਈ ਦੁਕਾਨਦਾਰਾਂ ਵਲੋਂ ਕੀਤੇ ਗਏ ਨਜਾਇਜ ਕਬਜਿਆਂ ਨੂੰ ਹਟਾਉਣ ਦੀ ਮੁਹਿੰਮ ਚਲਾਈ ਗਈ ਹੈ ਉਹਨਾਂ ਕਿਹਾ ਕਿ ਦੁਕਾਨਦਾਰ ਆਪਣਾ ਸਮਾਨ ਦੁਕਾਨਾਂ ਦੇ ਅੰਦਰ ਹੀ ਰੱਖਣ ਕਿਉਂਕਿ ਇਸ ਨਾਲ ਸੜਕਾਂ ਤੇ ਆਉਣ ਜਾਣ ਵਾਲੇ ਲੋਕਾਂ ਨੂੰ ਦਿੱਕਤ ਪੇਸ਼ ਆਉਂਦੀ ਹੈ ਅਤੇ ਸੜਕੀ ਆਵਜਾਈ ਵਿਚ ਰੁਕਾਵਟ ਪੈਂਦੀ ਹੈ। ਉਹਨਾਂ ਦੱਸਿਆ ਕਿ ਨਗਰ ਨਿਗਮ ਦੀ ਜਗ੍ਹਾਂ ਤੇ ਨਜਾਇਜ਼ ਤੌਰ ਤੇ ਕਬਜਾ ਕਰਨ ਵਾਲੇ ਦੁਕਾਨਦਾਰਾਂ ਦੇ ਚਲਾਨ ਕੱਟ ਕੇ ਭਾਰੀ ਜੁਰਮਾਨੇ ਕੀਤੇ ਜਾਣਗੇ।